# ਦਫਤਰ ਜਿਲ੍ਹਾਂ ਮੈਜਿਸਟਰੇਟ, ਰੂਪਨਗਰ।

(ਫੁਟਕਲ ਸ਼ਾਖਾ)

**ਹੁਕਮ:**

ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਨੇ ਪੱਤਰ ਨੰ:58505/ਸਕ-2 ਮਿਤੀ 26-07-2018 ਰਾਹੀਂ ਮੇਰੇ ਧਿਆਨ ਵਿੱਚ ਲਿਆਂਦਾ ਹੈ ਕਿ ਨੂਰਪੁਰਬੇਦੀ ਤੋਂ ਬੂੰਗਾ ਸਾਹਿਬ ਰੋਡ ਤੇ ਆਉਣ-ਜਾਣ ਵਾਲੇ ਓਵਰਲੋਡ ਟਿੱਪਰਾਂ ਤੇ ਭਾਰੀ ਵਾਹਨਾ ਤੇ ਮਿਤੀ 15-03-2018 ਰਾਹੀਂ ਪਾਬੰਦੀ ਲਗਾਉਣ ਤੋਂ ਬਾਅਦ ਇਸ ਰੋਡ ਤੇ ਕੋਈ ਐਕਸੀਡੈਂਟ ਨਹੀਂ ਹੋਇਆ।ਇਸ ਲਈ ਇਹ ਪਾਬੰਦੀ ਲਗਾਤਾਰ ਬਰਕਰਾਰ ਰੱਖਣੀ ਚਾਹੀਦੀ ਹੈ। ਕਾਰਜਕਾਰੀ ਇੰਜੀਨੀਅਰ ਉਸਾਰੀ ਮੰਡਲ ਭ ਤੇ ਮ ਸ਼ਾਖਾ ਰੂਪਨਗਰ ਵੱਲੋ ਦੱਸਿਆ ਗਿਆ ਹੈ ਕਿ ਨੂਰਪੁਰਬੇਦੀ ਸਰਾਏ ਕਾ ਪੱਤਣ ਤੋਂ ਬੂੰਗਾ ਸਾਹਿਬ ਅਪਟੂ ਐਨ ਐਚ-205 ਲਿੰਕ ਰੋਡ ਜਿਸ ਦੀ ਕੁੱਲ ਲੰਬਾਈ 10.00 ਕਿ:ਮੀ: ਹੈ ਅਤੇ ਮੈਟਲਡ ਵਿਡਥ 5.50 ਮੀਟਰ ਹੈ।ਇਹ ਸੜਕ ਜੂਨ-2015 ਵਿੱਚ ਰਿਪੇਅਰ ਕਰਵਾਈ ਗਈ ਸੀ। ਇਹ ਸੜਕ ਇਲਾਕੇ ਦੀ ਮਹੱਤਵਪੂਰਨ ਸੜਕ ਹੈ ਕਿਉਂਕਿ ਭਰਤਗੜ੍ਹ ਕੁਐਰੀ ਅਤੇ ਲੋਹੰਡ ਖੱਡ ਤੋਂ (ਰੇਤਾ ਬਜਰੀ ਅਤੇ ਪੱਥਰ ਆਦਿ) ਜਿਨਾ ਵੀ ਮਾਲ ਜਲੰਧਰ, ਹੁਸਿਆਰਪੁਰ ਅਤੇ ਦੁਆਬੇ ਦੇ ਏਰੀਏ ਨੂੰ ਜਾਂਦਾ ਹੈ ਉਸ ਦਾ ਸਾਰਾ ਹੈਵੀ ਟਰੈਫਿਕ ਇਸ ਸੜਕ ਤੋਂ ਹੀ ਗੁਜਰਦਾ ਹੈ। ਇਸ ਤੋਂ ਇਲਾਵਾ ਇਹ ਸੜਕ ਇਤਿਹਾਸਕ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਕੀਰਤਪੁਰ ਸਾਹਿਬ ਨੂੰ ਜੁੜਦੀ ਹੋਣ ਕਾਰਨ ਇਸ ਤੇ ਭਾਰੀ ਆਵਾਜਾਈ ਰਹਿੰਦੀ ਹੈ। ਇਸ ਸੜ੍ਹਕ ਉਤੇ ਬਹੁਤ ਜਿਆਦਾ ਹੈਵੀ ਟਰੈਫਿਕ ਚੱਲਣ ਕਾਰਨ ਇਹ ਸੜ੍ਹਕ ਟੁਟਣ ਦਾ ਖਤਰਾ ਬਣਿਆ ਰਹਿੰਦਾ ਹੈ ਅਤੇ ਦੁਰਘਟਨਾਵਾਂ ਵਾਪਰਦੀਆਂ ਰਹਿੰਦੀਆਂ ਸਨ, ਜਿਸ ਕਾਰਨ ਇਸ ਇਲਾਕੇ ਦੇ ਲੋਕਾਂ ਵੱਲੋਂ ਇਸ ਸੜ੍ਹਕ ਉਤੇ ਹੈਵੀ ਟਰੈਫਿਕ ਨੂੰ ਚਲਾਉਣ ਤੋਂ ਰੋਕਣ ਲਈ ਵਾਰ ਵਾਰ ਮੰਗ ਕੀਤੀ ਜਾ ਰਹੀ ਹੈ। ਇਸ ਲਈ ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਅਤੇ ਕਾਰਜਕਾਰੀ ਇੰਜੀਨੀਅਰ ਉਸਾਰੀ ਮੰਡਲ ਭ ਤੇ ਮ ਸ਼ਾਖਾ,ਰੂਪਨਗਰ ਦੀਆਂ ਰਿਪੋਰਟਾਂ ਦੇ ਅਧਾਰ ਤੇ ਲੋਕ ਹਿੱਤ ਵਿੱਚ ਇਸ ਰੂਟ ਤੇ ਹੈਵੀ ਓਵਰਲੋਡ ਟਿੱਪਰਾਂ/ ਭਾਰੀ ਵਾਹਨਾਂ ਦੇ ਚੱਲਣ ਤੇ ਪਾਬੰਦੀ ਲਗਾਉਣੀ ਜਰੂਰੀ ਸਮਝੀ ਜਾਂਦੀ ਹੈ।

ਇਸ ਲਈ ਮੈਂ ਸੁਮੀਤ ਕੁਮਾਰ ਜਾਰੰਗਲ, ਆਈ.ਏ.ਐਸ. ਜਿਲ੍ਹਾ ਮੈਜਿਸਟਰੇਟ, ਰੂਪਨਗਰ ਜਾਬਤਾ ਫੌਜਦਾਰੀ ਸੰਘਤਾ, 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਨੂਰਪੁਰਬੇਦੀ ਤੋਂ ਬੂੰਗਾ ਸਾਹਿਬ ਆਉਣ ਜਾਣ ਵਾਲੇ ਹੈਵੀ ਓਵਰਲੋਡ ਟਿੱਪਰਾਂ/ਭਾਰੀ ਵਾਹਨਾਂ ਦੇ ਚੱਲਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ।

ਇਹ ਹੁਕਮ ਮਿਤੀ 09 -12 -2018 ਤੋਂ 08-02-2019 ਤੱਕ ਲਾਗੂ ਰਹੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਤੇ ਜਾਰੀ ਕੀਤਾ ਜਾਂਦਾ ਹੈ। ਇਸ ਹੁਕਮ ਦਾ ਜਿਲ੍ਹਾ ਲੋਕ ਸੰਪਰਕ ਅਫਰ, ਰੂਪਨਗਰ ਦੀ ਪ੍ਰਚਾਰ ਵੈਨ ਅਤੇ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਹੋਵੇ। ਇਸ ਹੁਕਮ ਦੀਆਂ ਨਕਲਾਂ ਸੀਨੀਅਰ ਪੁਲਿਸ ਕਪਤਾਨ/ਉਪ ਮੰਡਲ ਮੈਜਿਸਟਰੇਟਸ/ਤਹਿਸੀਲਦਾਰਾਂ/ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਭ ਤੇ ਮ, ਸ਼ਾਖਾ, ਰੂਪਨਗਰ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ/ਕਾਰਜ ਸਾਧਕ ਅਫਸਰ, ਨਗਰ ਕੌਂਸਲਾਂ ਦੇ ਦਫਤਰਾਂ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਅਧੀਨ ਅੱਜ ਮਿਤੀ 09-12-2018 ਨੂੰ ਜਾਰੀ ਕੀਤਾ ਗਿਆ।

ਸਹੀ/-
ਜਿਲ੍ਹਾ ਮੈਜਿਸਟਰੇਟ,
ਰੂਪਨਗਰ।

# ਦਫਤਰ ਜਿਲਾ ਮੈਜਿਸਟਰੇਟ,ਰੂਪਨਗਰ।

(ਫੁੱਟਕਲ ਸ਼ਾਖਾ)

ਪਿੱਠ ਅੰਕਣ ਨੰ 27494-543 /ਫਸ-1 ਮਿਤੀ 14/12/18

ਇਸਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਹੁਸ਼ਿਆਰਪੁਰ, ਸਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਅਤੇ ਸੈਸ਼ਨ ਜੱਜ, ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
11. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ (15 ਕਾਪੀਆਂ)
12. ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਭ ਤੇ ਮ ਸ਼ਾਖਾ, ਰੂਪਨਗਰ।
13. ਕਾਰਜਕਾਰੀ ਇੰਜੀਨੀਅਰ, ਪ੍ਰਾਂਤਿਕ ਮੰਡਲ, ਲੋ:ਨਿ:ਵਿ:ਭ ਤੇ ਮ ਸ਼ਾਖਾ, ਐਸ.ਏ.ਐਸ.ਨਗਰ।
14. ਤਹਿਸੀਲਦਾਰ,ਰੂਪਨਗਰ,ਸ੍ਰੀ ਅਨੰਦਪੁਰ ਸਾਹਿਬ,ਸ੍ਰੀ ਚਮਕੌਰ ਸਾਹਿਬ,ਨੰਗਲ,ਮੋਰਿੰਡਾ
15. ਜਿਲਾ ਵਿਕਾਸ ਅਤੇ ਪੰਚਾਇਤ ਅਫਸਰ,ਰੂਪਨਗਰ।
16. ਕਾਰਜ ਸਾਧਕ ਅਫਸਰ ਨਗਰ ਕੌਂਸਲ ਰੂਪਨਗਰ,ਸ੍ਰੀ ਅਨੰਦਪੁਰ ਸਾਹਿਬ,ਮੋਰਿੰਡਾ,ਨੰਗਲ।
17. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ,ਕੀਰਤਪੁਰ ਸਾਹਿਬ
18. ਜਿਲਾ ਸੂਚਨਾਂ ਅਫਸਰ, ਰੂਪਨਗਰ।
19. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾ:ਜਿਲਾ ਮੈਜਿਸਟਰੇਟ
ਰੂਪਨਗਰ

# ਦਫਤਰ ਜਿਲ੍ਹਾ ਮੈਜਿਸਟਰੇਟ, ਰੂਪਨਗਰ।
(ਫੁਟਕਲ ਸ਼ਾਖਾ)

**ਹੁਕਮ:**

ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਨੇ ਪੱਤਰ ਨੰ25379/ਸਕ-2 ਮਿਤੀ 31-07-2018 ਰਾਹੀਂ ਮੇਰੇ ਧਿਆਨ ਵਿੱਚ ਲਿਆਂਦਾ ਹੈ ਕਿ ਮੇਨ ਹਾਈਵੇ/ਰੋਡ ਤੇ ਪੈਂਦੇ ਢਾਬੇ,ਮਕੈਨਿਕਾਂ ਦੀਆਂ ਦੁਕਾਨਾਂ ਆਦਿ ਤੇ ਜੋ ਗੱਡੀਆਂ ਰੁਕਦੀਆਂ ਹਨ ਉਹ ਮੇਨ ਸੜਕ ਤੇ ਹੀ ਪਾਰਕ ਕੀਤੀਆਂ ਹੁੰਦੀਆਂ ਹਨ ਜਿਸ ਕਰਕੇ ਕਈ ਵੱਡੇ ਹਾਦਸੇ ਵਾਪਰ ਜਾਂਦੇ ਹਨ। ਜਿਸ ਵਿਚ ਕਾਫੀ ਜਾਨੀ ਤੇ ਮਾਲੀ ਨੁਕਸਾਨ ਹੁੰਦਾ ਹੈ।ਜੋ ਵੀ ਗੱਡੀਆਂ/ਵਾਹਨ ਇਨ੍ਹਾਂ ਦੀਆਂ ਦੁਕਾਨਾਂ ਤੇ ਰੁਕਦੇ ਹਨ ਉਨ੍ਹਾਂ ਨੂੰ ਮੇਨ ਸੜਕ ਤੋਂ 10 ਮੀਟੱਰ ਪਿੱਛੇ ਛੱਡ ਕੇ ਪਾਰਕ ਕੀਤੇ ਜਾਣ ਅਤੇ ਕੋਈ ਵੀ ਵਾਹਨ ਸੜਕ ਦੇ ਕਿਨਾਰੇ ਪਾਰਕ ਨਾ ਕੀਤਾ ਜਾਵੇ ਤਾਂ ਜੋ ਕੋਈ ਅਣ-ਸੁਖਾਂਵੀ ਘਟਨਾ ਨਾ ਵਾਪਰ ਸਕੇ।

ਇਸ ਲਈ ਮੈਂ ਸੁਮੀਤ ਜਾਰੰਗਲ, ਆਈ.ਏ.ਐਸ. ਜਿਲ੍ਹਾ ਮੈਜਿਸਟਰੇਟ, ਰੂਪਨਗਰ ਜਾਬਤਾ ਫੌਜਦਾਰੀ ਸੰਘਤਾ, 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲਾ ਰੂਪਨਗਰ ਦੀ ਹਦੂਦ ਅੰਦਰ ਮੇਨ ਹਾਈਵੇ/ਰੋਡ ਤੇ ਗੱਡੀਆਂ ਖੜ੍ਹੀਆਂ ਕਰਨ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ।ਇਹ ਗੱਡੀਆਂ ਮੇਨ ਸੜਕਾਂ ਤੋਂ 10 ਮੀਟਰ ਪਿੱਛੇ ਛੱਡ ਕੇ ਪਾਰਕ ਕੀਤੀਆਂ ਜਾਣ ।

ਇਹ ਹੁਕਮ ਮਿਤੀ 09-12-2018 ਤੋਂ 08-02-2019 ਤੱਕ ਲਾਗੂ ਰਹੇਗਾ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕਰਕੇ ਆਮ ਜਨਤਾ ਦੇ ਨਾਮ ਤੇ ਜਾਰੀ ਕੀਤਾ ਜਾਂਦਾ ਹੈ। ਇਸ ਹੁਕਮ ਦਾ ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ ਦੀ ਪ੍ਰਚਾਰ ਵੈਨ ਅਤੇ ਪ੍ਰੈਸ ਮੀਡੀਆ ਰਾਹੀਂ ਪ੍ਰਚਾਰ ਹੋਵੇ। ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਵੱਲੋਂ ਇਹਨਾਂ ਹੁਕਮਾਂ ਦੀ ਪਾਲਣਾ ਕਰਵਾਉਣਾ ਯਕੀਨੀ ਬਣਾਉਣਗੇ। ਇਸ ਹੁਕਮ ਦੀਆਂ ਨਕਲਾਂ ਸੀਨੀਅਰ ਪੁਲਿਸ ਕਪਤਾਨ/ਉਪ ਮੰਡਲ ਮੈਜਿਸਟਰੇਟਸ/ਤਹਿਸੀਲਦਾਰਾਂ/ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਲੋ:ਨਿ: ਵਿ ਭ ਤੇ ਮ, ਸ਼ਾਖਾ, ਸਾਹਿਬਜਾਦਾ ਅਜੀਤ ਸਿੰਘ ਨਗਰ/ਰੂਪਨਗਰ , ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ/ਕਾਰਜ ਸਾਧਕ ਅਫਸਰ, ਨਗਰ ਕੌਂਸਲਾਂ ਦੇ ਦਫਤਰਾਂ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਅਧੀਨ ਅੱਜ ਮਿਤੀ 09-12-2018 ਨੂੰ ਜਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ
ਸਤਯਮੇਵ ਜਯਤੇ

ਸਹੀ/-
ਜਿਲ੍ਹਾ ਮੈਜਿਸਟਰੇਟ,
ਰੂਪਨਗਰ।

ਪਿੱਠ ਅੰਕਣ ਨੰ 27444-93 /ਫਸ-1 ਮਿਤੀ 14/12/18

ਇਸਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ, ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜ਼ਪੁਰ, ਮਾਨਸਾ, ਮੋਗਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਅਤੇ ਸੈਸ਼ਨ ਜੱਜ, ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
11. ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ (15 ਕਾਪੀਆਂ)
12. ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ ਭ ਤੇ ਮ ਸ਼ਾਖਾ, ਰੂਪਨਗਰ।
13. ਕਾਰਜਕਾਰੀ ਇੰਜੀਨੀਅਰ, ਪ੍ਰਾਂਤਿਕ ਮੰਡਲ, ਲੋ:ਨਿ:ਵਿ:ਭ ਤੇ ਮਸ਼ਾਖਾ, ਐਸ.ਏ.ਐਸ.ਨਗਰ।
14 ਤਹਿਸੀਲਦਾਰ,ਰੂਪਨਗਰ,ਸ੍ਰੀ ਅਨੰਦਪੁਰ ਸਾਹਿਬ,ਸ੍ਰੀ ਚਮਕੌਰ ਸਹਿਬ,ਨੰਗਲ,ਮੋਰਿੰਡਾ
15 ਜਨਰਲ ਮੈਨੇਜਰ ਪੰਜਾਬ ਰੋਡਵੇਜ, ਰੂਪਨਗਰ/ਨੰਗਲ
16 ਜਿਲਾ ਵਿਕਾਸ ਅਤੇ ਪੰਚਾਇਤ ਅਫਸਰ,ਰੂਪਨਗਰ।
17 ਕਾਰਜ ਸਾਧਕ ਅਫਸਰ ਨਗਰ ਕੌਂਸਲ ਰੂਪਨਗਰ,ਸ੍ਰੀ ਅਨੰਦਪੁਰ ਸਾਹਿਬ,ਮੋਰਿੰਡਾ,ਨੰਗਲ।
18 ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ,ਕੀਰਤਪੁਰ ਸਾਹਿਬ
19. ਜਿਲਾ ਸੂਚਨਾਂ ਅਫਸਰ, ਰੂਪਨਗਰ।
20. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾ:ਜਿਲ੍ਹਾ ਮੈਜਿਸਟਰੇਟ
ਰੂਪਨਗਰ।

# ਦਫਤਰ ਜਿਲ੍ਹਾ ਮੈਜਿਸਟਰੇਟ,ਰੂਪਨਗਰ।

(ਫੁਟਕਲ ਸ਼ਾਖਾ)

ਹੁਕਮ:

ਮੇਰੇ ਧਿਆਨ ਵਿਚ ਆਇਆ ਹੈ ਕਿ ਜਿਲ੍ਹਾ ਰੂਪਨਗਰ ਵਿਚ ਕਾਫੀ ਗਿਣਤੀ ਵਿਚ ਮੈਰਿਜ ਪੈਲਸ ਚੱਲ ਰਹੇ ਹਨ। ਇਹਨਾਂ ਪੈਲਸਾਂ ਵਿਚ ਹੁੰਦੇ ਸਮਾਰੋਹ ਦੌਰਾਨ ਕਈ ਲੋਕਾਂ ਵੱਲੋ ਹਥਿਆਰ ਨਾਲ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨਾ ਇਕ ਫੈਸ਼ਨ ਜਿਹਾ ਬਣ ਗਿਆ ਹੈ, ਜਿਸ ਨਾਲ ਕਈ ਵਾਰ ਅਣਸੁਖਾਵੀ ਘਟਨਾਵਾਂ ਵਾਪਰਨ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਲਈ ਜਿਲ੍ਹੇ ਵਿਚ ਚੱਲ ਰਹੇ ਮੈਰਿਜ ਪੈਲਸਾਂ ਅੰਦਰ ਹਥਿਆਰ ਲੈ ਕੇ ਜਾਣ ਅਤੇ ਹਵਾਈ ਫਾਇਰ ਕਰਨ ਤੇ ਰੋਕ ਲਗਾਈ ਜਾਣੀ ਅਤੀ ਜਰੂਰੀ ਹੈ।

ਇਸ ਲਈ ਮੈਂ ਸੁਮੀਤ ਕੁਮਾਰ ਜਾਰੰਗਲ ,ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਰੂਪਨਗਰ ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜਿਲੇ ਵਿਚ ਚੱਲ ਰਹੇ ਮੈਰਿਜ ਪੈਲਸਾਂ ਵਿਚ ਹਥਿਆਰ ਆਦਿ ਲੈ ਕੇ ਆਉਣ ਅਤੇ ਫਾਇਰ ਕਰਨ ਤੇ ਪੂਰਨ ਪਾਬੰਦੀ ਲਗਾਉਂਦਾ ਹਾਂ।

ਹਾਲਾਤ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕ ਤਰਫਾ ਜਾਰੀ ਕੀਤਾ ਜਾਂਦਾ ਹੈ ਕਿ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ। ਇਸ ਸਬੰਧੀ ਸੀਨੀਅਰ ਪੁਲਿਸ ਕਪਤਾਨ, ਰੂਪਨਗਰ ਅਤੇ ਉਪ ਮੰਡਲ ਮੈਜਿਸਟਰੇਟਸ ਇਸ ਹੁਕਮ ਦੀ ਪਾਲਣਾ ਕਰਨ ਲਈ ਲੋੜੀਂਦੀ ਕਾਰਵਾਈ ਅਮਲ ਵਿਚ ਲਿਆਉਣਗੇ

ਇਹ ਹੁਕਮ **ਮਿਤੀ 12-12-2018 ਤੋਂ 11-02-2019 ਤੱਕ** ਲਾਗੂ ਰਹੇਗਾ।

ਇਸ ਹੁਕਮ ਦਾ ਲੋਕ ਸੰਪਰਕ ਅਫਸਰ, ਰੂਪਨਗਰ ਦੀ ਪ੍ਰਚਾਰ ਗੱਡੀ ਰਾਹੀਂ ਐਲਾਨ ਕੀਤਾ ਜਾਵੇਗਾ। ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫਸਰ, ਰੂਪਨਗਰ, ਆਕਾਸ਼ਵਾਣੀ/ ਦੂਰਦਰਸ਼ਨ/ ਅਖਬਾਰਾਂ ਰਾਹੀਂ ਪ੍ਰਚਾਰ ਕਰਵਾਕੇ ਪੁਲਿਸ ਸਟੇਸ਼ਨਾ/ਨਗਰ ਕੌਂਸਲਾਂ/ ਨਗਰ ਪੰਚਾਇਤਾਂ/ਉਪ ਮੰਡਲ ਮੈਜਿਸਟਰੇਟਸ/ ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ ਅਤੇ ਸਦਰ ਮੁਕਾਮਾਂ ਦੇ ਨੋਟਿਸ ਬੋਰਡਾ ਤੇ ਇਸ ਹੁਕਮ ਦੀ ਨਕਲ ਚਸਪਾਂ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਮਿਤੀ ਇਹ ਹੁਕਮ ਮਿਤੀ 11-12-2018 ਨੂੰ ਮੇਰੇ ਦਸਤਾਖਰਾਂ ਅਤੇ ਅਦਾਲਤੀ ਦੀ ਮੋਹਰ ਹੇਠ ਜਾਰੀ ਹੋਇਆ।

ਸਹੀ/-<br>ਜਿਲਾ ਮੈਜਿਸਟਰੇਟ,<br>ਰੂਪਨਗਰ।

ਪਿੱਠ ਅੰਕਣ ਨੰ:27569-618..../ਫਸ-1 ਮਿਤੀ..14/12/18

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ,ਪੰਜਾਬ ਸਰਕਾਰ, ਗ੍ਰਿਹ ਮਾਮਲੇ ਅਤੇ ਨਿਆਂ ਵਿਭਾਗ ,ਪੰਜਾਬ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ., ਰੂਪਨਗਰ ਰੇਂਜ, ਰੂਪਨਗਰ।
5. ਡੀ.ਆਈ.ਜੀ., ਸੀ.ਆਈ.ਡੀ., ਪੰਜਾਬ, ਚੰਡੀਗੜ੍ਹ।
6. ਸਮੂਹ ਜਿਲ੍ਹਾ ਮੈਜਿਸਟਰੇਟ, ਅਜੀਤਗੜ੍ਹ (ਮੋਹਾਲੀ), ਪਟਿਆਲਾ, ਫਤਿਹਗੜ੍ਹ ਸਾਹਿਬ, ਸੰਗਰੂਰ ਬਰਨਾਲਾ, ਬਠਿੰਡਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਫਿਰੋਜਪੁਰ, ਮਾਨਸਾ, ਮੋਗਾ, ਲੁਧਿਆਣਾ,ਜਲੰਧਰ, ਕਪੂਰਥਲਾ, ਤਰਨਤਾਰਨ, ਅਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ), ਫਾਜਿਲਕਾ, ਪਠਾਨਕੋਟ।
7. ਡਾਇਰੈਕਟਰ, ਆਲ ਇੰਡੀਆ ਰੇਡੀਓ, ਜਲੰਧਰ।
8. ਸੀਨੀਅਰ ਪੁਲਿਸ ਕਪਤਾਨ, ਰੂਪਨਗਰ (20 ਕਾਪੀਆਂ)
9. ਜਿਲ੍ਹਾ ਸੈਸ਼ਨ ਜੱਜ,ਰੂਪਨਗਰ।
10. ਉਪ ਮੰਡਲ ਮੈਜਿਸਟਰੇਟ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ।
11. ਜਿਲਾ ਲੋਕ ਸੰਪਰਕ ਅਫਸਰ,ਰੂਪਨਗਰ (20 ਕਾਪੀਆਂ)
12. ਡੀ.ਐਸ.ਪੀ.ਸੀ.ਆਈ.ਡੀ,ਰੂਪਨਗਰ।
13. ਤਹਿਸੀਲਦਾਰ, ਰੂਪਨਗਰ/ ਸ੍ਰੀ ਚਮਕੌਰ ਸਾਹਿਬ/ ਸ੍ਰੀ ਆਨੰਦਪੁਰ ਸਾਹਿਬ/ਨੰਗਲ/ਮੋਰਿੰਡਾ
14. ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਰੂਪਨਗਰ/ਸ੍ਰੀ ਆਨੰਦਪੁਰ ਸਾਹਿਬ/ਨੂਰਪੁਰ ਬੇਦੀ/ਸ੍ਰੀ ਚਮਕੌਰ ਸਾਹਿਬ/ ਮੋਰਿੰਡਾ।
15. ਕਾਰਜ ਸਾਧਕ ਅਫਸਰ, ਨਗਰ ਕੌਂਸਲ, ਰੂਪਨਗਰ/ਮੋਰਿੰਡਾ/ ਸ੍ਰੀ ਆਨੰਦਪੁਰ ਸਾਹਿਬ/ਨੰਗਲ
16. ਕਾਰਜ ਸਾਧਕ ਅਫਸਰ ਨਗਰ ਪੰਚਾਇਤ ਸ੍ਰੀ ਚਮਕੌਰ ਸਾਹਿਬ/ਕੀਰਤਪੁਰ ਸਾਹਿਬ
17. ਜਿਲਾ ਸੂਚਨਾ ਅਫਸਰ,ਰੂਪਨਗਰ।
18. ਪੀ.ਏ. ਟੂ ਡੀ.ਐਮ.,/ਏ.ਡੀ.ਐਮ., ਰੂਪਨਗਰ।

ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਾ:ਜਿਲਾ ਮੈਜਿਸਟਰੇਟ<br>ਰੂਪਨਗਰ।